# ਸਲੋਕ
# ਮਹਲਾ ੯

ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੯ ॥ ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ ਮਨਾ

ਅਉਧ ਜਾਤੁ ਹੈ ਬੀਤਿ ॥੩॥
ਬਿਰਧਿ ਭਇਓ ਸੂਝੈ ਨਹੀ ਕਾਲੁ
ਪਹੂਚਿਓ ਆਨਿ ॥ ਕਹੁ ਨਾਨਕ ਨਰ
ਬਾਵਰੇ ਕਿਉ ਨ ਭਜੈ ਭਗਵਾਨੁ
॥੪॥ ਧਨੁ ਦਾਰਾ ਸੰਪਤਿ ਸਗਲ
ਜਿਨਿ ਅਪੁਨੀ ਕਰਿ ਮਾਨਿ ॥ ਇਨ
ਮੈ ਕਛੁ ਸੰਗੀ ਨਹੀ ਨਾਨਕ ਸਾਚੀ
ਜਾਨਿ ॥੫॥ ਪਤਿਤ ਉਧਾਰਨ ਭੈ
ਹਰਨ ਹਰਿ ਅਨਾਥ ਕੇ ਨਾਥ ॥ ਕਹੁ
ਨਾਨਕ ਤਿਹ ਜਾਨੀਐ ਸਦਾ ਬਸਤੁ
ਤੁਮ ਸਾਥਿ ॥੬॥ ਤਨੁ ਧਨੁ ਜਿਹ ਤੋ

ਕਉ ਦੀਓ ਤਾਂ ਸਿਉ ਨੇਹੁ ਨ ਕੀਨ
॥ ਕਹੁ ਨਾਨਕ ਨਰ ਬਾਵਰੇ ਅਬ
ਕਿਉ ਡੋਲਤ ਦੀਨ ॥੭॥ ਤਨੁ ਧਨੁ
ਸੰਪੈ ਸੁਖ ਦੀਓ ਅਰੁ ਜਿਹ ਨੀਕੇ
ਧਾਮ ॥ ਕਹੁ ਨਾਨਕ ਸੁਨੁ ਰੇ ਮਨਾ
ਸਿਮਰਤ ਕਾਹਿ ਨ ਰਾਮੁ ॥੮॥ ਸਭ
ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ
ਕੋਇ ॥ ਕਹੁ ਨਾਨਕ ਸੁਨਿ ਰੇ ਮਨਾ
ਤਿਹ ਸਿਮਰਤ ਗਤਿ ਹੋਇ ॥੯॥
ਜਿਹ ਸਿਮਰਤ ਗਤਿ ਪਾਈਐ ਤਿਹ
ਭਜੁ ਰੇ ਤੈ ਮੀਤ ॥ ਕਹੁ ਨਾਨਕ ਸੁਨੁ

ਰੇ ਮਨਾ ਅਉਧ ਘਟਤ ਹੈ ਨੀਤ
॥੧੦॥ ਪਾਂਚ ਤਤ ਕੋ ਤਨੁ ਰਚਿਓ
ਜਾਨਹੁ ਚਤੁਰ ਸੁਜਾਨ ॥ ਜਿਹ ਤੇ
ਉਪਜਿਓ ਨਾਨਕਾ ਲੀਨ ਤਾਹਿ ਮੈ
ਮਾਨੁ ॥੧੧॥ ਘਟ ਘਟ ਮੈ ਹਰਿ ਜੂ
ਬਸੈ ਸੰਤਨ ਕਹਿਓ ਪੁਕਾਰਿ ॥ ਕਹੁ
ਨਾਨਕ ਤਿਹ ਭਜੁ ਮਨਾ ਭਉ ਨਿਧਿ
ਉਤਰਹਿ ਪਾਰਿ ॥੧੨॥ ਸੁਖੁ ਦੁਖੁ
ਜਿਹ ਪਰਸੈ ਨਹੀ ਲੋਭੁ ਮੋਹੁ
ਅਭਿਮਾਨੁ ॥ ਕਹੁ ਨਾਨਕ ਸੁਨੁ ਰੇ
ਮਨਾ ਸੋ ਮੂਰਤਿ ਭਗਵਾਨ ॥੧੩॥

ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥ ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ

ਬੈਰਾਗ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥ ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥ ਨਿਸਿ ਦਿਨੁ ਜੋ ਨਾਨਕ ਭਜੈ ਸਫਲ

ਹੋਹਿ ਤਿਹ ਕਾਮ ॥੨੦॥ ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ॥ ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨॥ ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥ ਨਿਸਿ ਦਿਨੁ

ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ
॥ ਕੋਟਨ ਮੈ ਨਾਨਕ ਕੋਊ ਨਾਰਾਇਨੁ
ਜਿਹ ਚੀਤਿ ॥੨੪॥ ਜੈਸੇ ਜਲ ਤੇ
ਬੁਦਬੁਦਾ ਉਪਜੈ ਬਿਨਸੈ ਨੀਤ ॥
ਜਗ ਰਚਨਾ ਤੈਸੇ ਰਚੀ ਕਹੁ ਨਾਨਕ
ਸੁਨਿ ਮੀਤ ॥੨੫॥ ਪ੍ਰਾਨੀ ਕਛੂ ਨ
ਚੇਤਈ ਮਦਿ ਮਾਇਆ ਕੈ ਅੰਧੁ ॥
ਕਹੁ ਨਾਨਕ ਬਿਨੁ ਹਰਿ ਭਜਨ ਪਰਤ
ਤਾਹਿ ਜਮ ਫੰਧ ॥੨੬॥ ਜਉ ਸੁਖ
ਕਉ ਚਾਹੈ ਸਦਾ ਸਰਨਿ ਰਾਮ ਕੀ
ਲੇਹ ॥ ਕਹੁ ਨਾਨਕ ਸੁਨਿ ਰੇ ਮਨਾ

ਦੁਰਲਭ ਮਾਨੁਖ ਦੇਹ ॥੨੭॥
ਮਾਇਆ ਕਾਰਨਿ ਧਾਵਹੀ ਮੂਰਖ
ਲੋਗ ਅਜਾਨ ॥ ਕਹੁ ਨਾਨਕ ਬਿਨੁ
ਹਰਿ ਭਜਨ ਬਿਰਥਾ ਜਨਮੁ ਸਿਰਾਨ
॥੨੮॥ ਜੋ ਪ੍ਰਾਨੀ ਨਿਸਿ ਦਿਨੁ ਭਜੈ
ਰੂਪ ਰਾਮ ਤਿਹ ਜਾਨੁ ॥ ਹਰਿ ਜਨ
ਹਰਿ ਅੰਤਰੁ ਨਹੀ ਨਾਨਕ ਸਾਚੀ
ਮਾਨੁ ॥੨੯॥ ਮਨੁ ਮਾਇਆ ਮੈ
ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ
॥ ਕਹੁ ਨਾਨਕ ਬਿਨੁ ਹਰਿ ਭਜਨ
ਜੀਵਨ ਕਉਨੇ ਕਾਮ ॥੩੦॥ ਪ੍ਰਾਨੀ

ਰਾਮੁ ਨ ਚੇਤਈ ਮਦਿ ਮਾਇਆ ਕੈ
ਅੰਧੁ ॥ ਕਹੁ ਨਾਨਕ ਹਰਿ ਭਜਨ
ਬਿਨੁ ਪਰਤ ਤਾਹਿ ਜਮ ਫੰਧ ॥੩੧॥
ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ
ਨ ਕੋਇ ॥ ਕਹੁ ਨਾਨਕ ਹਰਿ ਭਜੁ
ਮਨਾ ਅੰਤਿ ਸਹਾਈ ਹੋਇ ॥੩੨॥
ਜਨਮ ਜਨਮ ਭਰਮਤ ਫਿਰਿਓ
ਮਿਟਿਓ ਨ ਜਮ ਕੋ ਤ੍ਰਾਸੁ ॥ ਕਹੁ
ਨਾਨਕ ਹਰਿ ਭਜੁ ਮਨਾ ਨਿਰਭੈ
ਪਾਵਹਿ ਬਾਸੁ ॥੩੩॥ ਜਤਨ ਬਹੁਤੁ
ਮੈ ਕਰਿ ਰਹਿਓ ਮਿਟਿਓ ਨ ਮਨ ਕੋ

ਮਾਨੁ ॥ ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ॥੩੪॥ ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥ ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨੁ ॥੩੫॥ ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥ ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥੩੬॥ ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ ਮੀਤ ॥ ਨਾਨਕ ਮੂਰਤਿ

ਚਿਤ੍ਰ ਜਿਉ ਛਾਡਿਤ ਨਾਹਿਨ ਭੀਤਿ
॥੩੭॥ ਨਰ ਚਾਹਤ ਕਛੁ ਅਉਰ
ਅਉਰੈ ਕੀ ਅਉਰੈ ਭਈ ॥ ਚਿਤਵਤ
ਰਹਿਓ ਠਗਉਰ ਨਾਨਕ ਫਾਸੀ ਗਲਿ
ਪਰੀ ॥੩੮॥ ਜਤਨ ਬਹੁਤ ਸੁਖ ਕੇ
ਕੀਏ ਦੁਖ ਕੋ ਕੀਓ ਨ ਕੋਇ ॥ ਕਹੁ
ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ
ਹੋਇ ॥੩੯॥ ਜਗਤੁ ਭਿਖਾਰੀ
ਫਿਰਤੁ ਹੈ ਸਭ ਕੋ ਦਾਤਾ ਰਾਮੁ ॥
ਕਹੁ ਨਾਨਕ ਮਨ ਸਿਮਰੁ ਤਿਹ ਪੂਰਨ
ਹੋਵਹਿ ਕਾਮ ॥੪੦॥ ਝੂਠੈ ਮਾਨੁ

ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ॥
ਇਨ ਮੈ ਕਛੁ ਤੇਰੋ ਨਹੀ ਨਾਨਕ
ਕਹਿਓ ਬਖਾਨਿ ॥੪੧॥ ਗਰਬੁ
ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ
ਮੀਤ ॥ ਜਿਹਿ ਪ੍ਰਾਨੀ ਹਰਿ ਜਸੁ
ਕਹਿਓ ਨਾਨਕ ਤਿਹਿ ਜਗੁ ਜੀਤਿ
॥੪੨॥ ਜਿਹ ਘਟਿ ਸਿਮਰਨੁ ਰਾਮ
ਕੋ ਸੋ ਨਰੁ ਮੁਕਤਾ ਜਾਨੁ ॥ ਤਿਹਿ
ਨਰ ਹਰਿ ਅੰਤਰੁ ਨਹੀ ਨਾਨਕ
ਸਾਚੀ ਮਾਨੁ ॥੪੩॥ ਏਕ ਭਗਤਿ
ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ

॥ ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥ ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕਿ ਚਿਤਿ ॥੪੫॥ ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ॥ ਨਾਨਕ ਨਿਹਫਲੁ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥ ਸਿਰੁ ਕੰਪਿਓ ਪਗ ਡਗਮਗੈ ਨੈਨ ਜੋਤਿ ਤੇ ਹੀਨ ॥ ਕਹੁ ਨਾਨਕ ਇਹ ਬਿਧਿ

ਭਈ ਤਊ ਨ ਹਰਿ ਰਸਿ ਲੀਨ
॥੪੭॥ ਨਿਜ ਕਰਿ ਦੇਖਿਓ ਜਗਤੁ
ਮੈ ਕੋ ਕਾਹੂ ਕੋ ਨਾਹਿ ॥ ਨਾਨਕ
ਥਿਰੁ ਹਰਿ ਭਗਤਿ ਹੈ ਤਿਹ ਰਾਖੋ
ਮਨ ਮਾਹਿ ॥੪੮॥ ਜਗ ਰਚਨਾ
ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥
ਕਹਿ ਨਾਨਕ ਥਿਰੁ ਨਾ ਰਹੈ ਜਿਉ
ਬਾਲੂ ਕੀ ਭੀਤਿ ॥੪੯॥ ਰਾਮੁ
ਗਇਓ ਰਾਵਨੁ ਗਇਓ ਜਾ ਕਉ ਬਹੁ
ਪਰਵਾਰੁ ॥ ਕਹੁ ਨਾਨਕ ਥਿਰੁ ਕਛੁ
ਨਹੀ ਸੁਪਨੇ ਜਿਉ ਸੰਸਾਰੁ ॥੫੦॥

ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥ ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥ ਦੋਹਰਾ ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥ ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤੁ

ਉਪਾਇ ॥ ਨਾਨਕ ਸਭੁ ਕਿਛੁ ਤੁਮਰੈ
ਹਾਥ ਮੈ ਤੁਮ ਹੀ ਹੋਤ ਸਹਾਇ
॥੫੪॥ ਸੰਗ ਸਖਾ ਸਭਿ ਤਜਿ ਗਏ
ਕੋਊ ਨ ਨਿਬਹਿਓ ਸਾਥਿ ॥ ਕਹੁ
ਨਾਨਕ ਇਹ ਬਿਪਤਿ ਮੈ ਟੇਕ ਏਕ
ਰਘੁਨਾਥ ॥੫੫॥ ਨਾਮੁ ਰਹਿਓ ਸਾਧੂ
ਰਹਿਓ ਰਹਿਓ ਗੁਰੁ ਗੋਬਿੰਦੁ ॥ ਕਹੁ
ਨਾਨਕ ਇਹ ਜਗਤ ਮੈ ਕਿਨ ਜਪਿਓ
ਗੁਰ ਮੰਤੁ ॥੫੬॥ ਰਾਮ ਨਾਮੁ ਉਰ
ਮੈ ਗਹਿਓ ਜਾ ਕੈ ਸਮ ਨਹੀ ਕੋਇ

॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥

ਮੁੰਦਾਵਣੀ ਮਹਲਾ ੫

ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ

ਸਭੁ ਨਾਨਕ ਬ੍ਰਹਮ ਪਸਾਰੋ ॥੧॥
ਸਲੋਕ ਮਹਲਾ ੫ ॥ ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥ ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥

ੴ ਸਤਿਗੁਰ ਪ੍ਰਸਾਦਿ

ਰਾਗ ਮਾਲਾ ॥ ਰਾਗ ਏਕ ਸੰਗਿ ਪੰਚ ਬਰੰਗਨ ॥ ਸੰਗਿ ਅਲਾਪਹਿ

ਆਠਉ ਨੰਦਨ ॥ ਪ੍ਰਥਮ ਰਾਗ ਭੈਰਉ
ਵੈ ਕਰਹੀ ॥ ਪੰਚ ਰਾਗਨੀ ਸੰਗਿ
ਉਚਰਹੀ ॥ ਪ੍ਰਥਮ ਭੈਰਵੀ
ਬਿਲਾਵਲੀ ॥ ਪੁੰਨਿਆਕੀ ਗਾਵਹਿ
ਬੰਗਲੀ ॥ ਪੁਨਿ ਅਸਲੇਖੀ ਕੀ ਭਈ
ਬਾਰੀ ॥ ਏ ਭੈਰਉ ਕੀ ਪਾਚਉ
ਨਾਰੀ ॥ ਪੰਚਮ ਹਰਖ ਦਿਸਾਖ
ਸੁਨਾਵਹਿ ॥ ਬੰਗਾਲਮ ਮਧੁ ਮਾਧਵ
ਗਾਵਹਿ ॥੧॥ ਲਲਤ ਬਿਲਾਵਲ
ਗਾਵਹੀ ਅਪੁਨੀ ਅਪੁਨੀ ਭਾਂਤਿ ॥
ਅਸਟ ਪੁਤ੍ਰ ਭੈਰਵ ਕੇ ਗਾਵਹਿ

ਗਾਇਨ ਪਾਤ੍ਰ ॥੧॥ ਦੁਤੀਆ ਮਾਲਕਉਸਕ ਆਲਾਪਹਿ ॥ ਸੰਗਿ ਰਾਗਨੀ ਪਾਚਉ ਥਾਪਹਿ ॥ ਗੋਂਡਕਰੀ ਅਰੁ ਦੇਵਗੰਧਾਰੀ ॥ ਗੰਧਾਰੀ ਸੀਹੁਤੀ ਉਚਾਰੀ ॥ ਧਨਾਸਰੀ ਏ ਪਾਚਉ ਗਾਈ ॥ ਮਾਲ ਰਾਗ ਕਉਸਕ ਸੰਗਿ ਲਾਈ ॥ ਮਾਰੂ ਮਸਤਅੰਗ ਮੇਵਾਰਾ ॥ ਪ੍ਰਬਲਚੰਡ ਕਉਸਕ ਉਭਾਰਾ ॥ ਖਉਖਟ ਅਉ ਭਉਰਾਨਦ ਗਾਏ ॥ ਅਸਟ ਮਾਲਕਉਸਕ ਸੰਗਿ ਲਾਏ ॥੧॥

ਪੁਨਿ ਆਇਅਉ ਹਿੰਡੋਲੁ ਪੰਚ ਨਾਰਿ ਸੰਗਿ ਅਸਟ ਸੁਤ ॥ ਉਠਹਿ ਤਾਨ ਕਲੋਲ ਗਾਇਨ ਤਾਰ ਮਿਲਾਵਹੀ ॥੧॥ ਤੇਲੰਗੀ ਦੇਵਕਰੀ ਆਈ ॥ ਬਸੰਤੀ ਸੰਦੂਰ ਸੁਹਾਈ ॥ ਸਰਸ ਅਹੀਰੀ ਲੈ ਭਾਰਜਾ ॥ ਸੰਗਿ ਲਾਈ ਪਾਂਚਉ ਆਰਜਾ ॥ ਸੁਰਮਾਨੰਦ ਭਾਸਕਰ ਆਏ ॥ ਚੰਦ੍ਰਬਿੰਬ ਮੰਗਲਨ ਸੁਹਾਏ ॥ ਸਰਸਬਾਨ ਅਉ ਆਹਿ ਬਿਨੋਦਾ ॥ ਗਾਵਹਿ ਸਰਸ ਬਸੰਤ ਕਮੋਦਾ ॥ ਅਸਟ ਪੁਤ੍ਰ ਮੈ ਕਹੇ

ਸਵਾਰੀ ॥ ਪੁਨਿ ਆਈ ਦੀਪਕ ਕੀ
ਬਾਰੀ ॥੧॥ ਕਛੇਲੀ ਪਟਮੰਜਰੀ
ਟੋਡੀ ਕਹੀ ਅਲਾਪਿ ॥ ਕਾਮੋਦੀ
ਅਉ ਗੂਜਰੀ ਸੰਗਿ ਦੀਪਕ ਕੇ ਥਾਪਿ
॥੧॥ ਕਾਲੰਕਾ ਕੁੰਤਲ ਅਉ ਰਾਮਾ ॥
ਕਮਲਕੁਸਮ ਚੰਪਕ ਕੇ ਨਾਮਾ ॥
ਗਉਰਾ ਅਉ ਕਾਨਰਾ ਕਲ੍ਯ੍ਯਾਨਾ ॥
ਅਸਟ ਪੁਤ੍ਰ ਦੀਪਕ ਕੇ ਜਾਨਾ ॥੧॥
ਸਭ ਮਿਲਿ ਸਿਰੀਰਾਗ ਵੈ ਗਾਵਹਿ ॥
ਪਾਂਚਉ ਸੰਗਿ ਬਰੰਗਨ ਲਾਵਹਿ ॥
ਬੈਰਾਰੀ ਕਰਨਾਟੀ ਧਰੀ ॥ ਗਵਰੀ

ਗਾਵਹਿ ਆਸਾਵਰੀ ॥ ਤਿਹ ਪਾਛੈ ਸਿੰਧਵੀ ਅਲਾਪੀ ॥ ਸਿਰੀਰਾਗ ਸਿਉ ਪਾਂਚਉ ਥਾਪੀ ॥੧॥ ਸਾਲੂ ਸਾਰਗ ਸਾਗਰਾ ਅਉਰ ਗੋਂਡ ਗੰਭੀਰ ॥ ਅਸਟ ਪੁਤ੍ਰ ਸ੍ਰੀਰਾਗ ਕੇ ਗੁੰਡ ਕੁੰਭ ਹਮੀਰ ॥੧॥ ਖਸਟਮ ਮੇਘ ਰਾਗ ਵੈ ਗਾਵਹਿ ॥ ਪਾਂਚਉ ਸੰਗਿ ਬਰੰਗਨ ਲਾਵਹਿ ॥ ਸੋਰਠਿ ਗੋਂਡ ਮਲਾਰੀ ਧੁਨੀ ॥ ਪੁਨਿ ਗਾਵਹਿ ਆਸਾ ਗੁਨ ਗੁਨੀ ॥ ਊਚੈ ਸੁਰਿ ਸੂਹਉ ਪੁਨਿ ਕੀਨੀ ॥ ਮੇਘ ਰਾਗ ਸਿਉ ਪਾਂਚਉ

ਚੀਨੀ ॥੧॥ ਬੈਰਾਧਰ ਗਜਧਰ ਕੇਦਾਰਾ ॥ ਜਬਲੀਧਰ ਨਟ ਅਉ ਜਲਧਾਰਾ ॥ ਪੁਨਿ ਗਾਵਹਿ ਸੰਕਰ ਅਉ ਸਿਆਮਾ ॥ ਮੇਘ ਰਾਗ ਪੁਤ੍ਨ ਕੇ ਨਾਮਾ ॥੧॥ ਖਸਟ ਰਾਗ ਉਨਿ ਗਾਏ ਸੰਗਿ ਰਾਗਨੀ ਤੀਸ ॥ ਸਭੈ ਪੁਤ੍ਰ ਰਾਗੰਨ ਕੇ ਅਠਾਰਹ ਦਸ ਬੀਸ ॥੧॥੧॥